ਦਫ਼ਤਰ ਡਾਇਰੈਕਟਰ ਰਾਜ ਸਿੱਖਿਆ ਖੋਜ਼ ਅਤੇ ਸਿਖਲਾਈ ਪ੍ਰੀਸ਼ਦ, ਪੰਜਾਬ
ਬਲਾਕ-ਈ, ਛੇਵੀ ਮੰਜਿਲ, ਪੰਜਾਬ ਸਕੂਲ ਸਿੱਖਿਆ ਬੋਰਡ ਕੰਪ:,ਫੇਜ਼-8 ਐਸ.ਏ.ਐਸ ਨਗਰ,ਮੁਹਾਲੀ
ਫੋਨ ਨੰਬਰ: 0172-2212221, ਫੈਕਸ ਨੰ: 0172-2212793

ਵੱਲ:

ਸਮੂਹ ਜ਼ਿਲ੍ਹਾ ਸਿੱਖਿਆ ਅਫ਼ਸਰ (ਸੈ.ਸਿੱ./ਐ.ਸਿ.)
ਸਮੂਹ ਬਲਾਕ ਪ੍ਰਾਇਮਰੀ ਸਿੱਖਿਆ ਅਫ਼ਸਰ
ਸਮੂਹ ਸਕੂਲ ਮੁਖੀ
ਪੰਜਾਬ।

ਮੀਮੋ ਨੰ:SCERT,QP(UP)2020223516 ਮਿਤੀ:- 15-09-2020

**ਵਿਸ਼ਾ:- ' ਅਧਿਆਪਕ ਪੰਦਰਵਾੜਾ ' ਮਨਾਉਣ ਸਬੰਧੀ।**

1.0 ਉਪਰੋਕਤ ਵਿਸ਼ੇ ਵੱਲ ਧਿਆਨ ਦੇਣ ਦੀ ਖੇਚਲ ਕੀਤੀ ਜਾਵੇ ਜੀ।

2.0 ਆਪ ਜੀ ਨੂੰ ਪਤਾ ਹੀ ਹੈ ਕਿ ਸਮੁੱਚੇ ਅਧਿਆਪਕ ਵਰਗ ਦੀਆਂ ਸੇਵਾਵਾ ਨੂੰ ਮਾਣ ਸਨਮਾਣ ਦੇਣ ਦੇ ਮਕਸਦ ਨਾਲ ਭਾਰਤ ਵਿੱਚ ਹਰ ਸਾਲ 05 ਸਤੰਬਰ ਨੂੰ ਅਧਿਆਪਕ ਦਿਵਸ ਮਨਾਇਆ ਜਾਂਦਾ ਹੈ।ਇਸ ਸਾਲ ਅਧਿਆਪਕ ਦਿਵਸ ਵਾਲੇ ਦਿਨ ਵਿਦਿਆਰਥੀਆਂ ਦੁਆਰਾ ਆਪਣੇ ਅਧਿਆਪਕਾਂ ਪ੍ਰਤੀ ਸਤਿਕਾਰ ਭਾਵਨਾਵਾਂ ਨੂੰ ਕੁੱਝ ਆਨ ਲਾਇਨ ਗਤੀਵਿਧੀਆਂ ਜਿਵੇਂ ਪੋਸਟਰ, ਵੀਡੀਓ ਆਦਿ ਰਾਹੀਂ ਸ਼ੋਸ਼ਲ ਮੀਡੀਆ 'ਤੇ ਸ਼ੇਅਰ ਕਰਨ ਦੀਆਂ ਬਹੁਤ ਸਾਰੀਆਂ ਉਦਾਹਰਨਾਂ ਵੀ ਦੇਖਣ ਨੂੰ ਮਿਲੀਆ ਹਨ।

3.0 ਵਿਦਿਆਰਥੀਆਂ ਦੁਆਰਾ ਸ਼ੁਰੂ ਕੀਤੀ ਗਈ ਇਸ ਮੁਹਿੰਮ ਨੂੰ ਹੋਰ ਅੱਗੇ ਵਧਾਉਣ ਲਈ ਅਤੇ ਅਧਿਆਪਕਾਂ ਦੁਆਰਾ ਦਿੱਤੇ ਜਾ ਰਹੇ ਯੋਗਦਾਨ ਨੂੰ ਲੋਕਾਂ ਤੱਕ ਲੈ ਕੇ ਜਾਣ ਲਈ ਸਿੱਖਿਆ ਨਾਲ ਸਬੰਧਤ ਵੱਖ-ਵੱਖ ਗਤੀਵਿਧੀਆਂ ਕਰਵਾ ਕੇ ਇਸ ਸਮੇਂ ਨੂੰ **' ਅਧਿਆਪਕ ਪੰਦਰਵਾੜੇ '** ਦੇ ਰੂਪ ਵਿੱਚ ਮਨਾਇਆਂ ਜਾਣਾ ਹੈ।

4.0 ਪਿਛਲੇ ਸਮੇਂ ਦੌਰਾਨ ਵਿਦਿਆਰਥੀਆਂ ਦੁਆਰਾ ਆਪਣੇ ਅਧਿਆਪਕਾਂ ਲਈ ਸਤਿਕਾਰਤ ਭਾਵਨਾਵਾਂ ਪ੍ਰਗਟ ਕਰਨ ਲਈ ਜੋ ਵੀਡੀਓਜ਼ ਤਿਆਰ ਕੀਤੀਆਂ ਗਈਆਂ ਹਨ, ਉਹਨਾਂ ਨੂੰ ਸ਼ੋਸ਼ਲ ਮੀਡੀਆਂ ਤੇ ਅਪਲੋਡ ਕਰਨ ਲਈ ਅਤੇ description box ਵਿੱਚ #TeacherFromPunjab, #ThankYouPunjabTeachers ਦੇ Hastag ਲਿਖ ਕੇ ਸ਼ੇਅਰ ਕਰਨ ਲਈ ਸਕੂਲ ਮੁਖੀਆਂ ਵੱਲੋਂ ਆਪਣੇ ਵਿਦਿਆਰਥੀਆਂ ਪ੍ਰੇਰਿਤ ਕੀਤਾ ਜਾਵੇ।

5.0 ਇਸ ਤੋਂ ਇਲਾਵਾ 05 ਸਤੰਬਰ ਨੂੰ ਸਰਕਾਰ ਦੁਆਰਾ ਰਾਸ਼ਟਰੀ ਅਤੇ ਰਾਜ ਪੱਧਰ 'ਤੇ ਸਨਮਾਨਿਤ ਕੀਤੇ ਗਏ ਅਧਿਆਪਕਾਂ ਨੂੰ ਆਪਣੀਆਂ ਅਨੋਖੀਆਂ ਪਹਿਲਕਦਮੀਆਂ ਸਬੰਧੀ ਵੀਡੀਓ ਬਣਾ ਕੇ ਸ਼ੋਸ਼ਲ ਮੀਡੀਆਂ ਰਾਹੀਂ ਸ਼ੇਅਰ ਕਰਨ ਲਈ ਮੋਟੀਵੇਟ ਕੀਤਾ ਜਾਵੇ ਤਾਂ ਜੋ ਦੂਜੇ ਅਧਿਆਪਕ ਵੀ ਇਸ ਸਬੰਧ ਵਿੱਚ ਹੋਰ ਕੰਮ ਕਰਨ ਲਈ ਪ੍ਰੇਰਨਾ ਲੈ ਸਕਣ।

6.0 ਸਮੂਹ ਜ਼ਿਲ੍ਹਾ ਸਿੱਖਿਆ ਅਫਸਰ ਇਸ ਗੱਲ ਨੂੰ ਵੀ ਯਕੀਨੀ ਬਣਾਉਣ ਕਿ ਇਸ ਪੰਦਰਵਾੜੇ ਦੌਰਾਨ ਸਿੱਖਿਆ ਦੇ ਖੇਤਰ ਵਿੱਚ ਵਧੀਆ ਉਪਰਾਲੇ ਕਰਨ ਵਾਲੇ ਸਾਰੇ ਅਧਿਆਪਕਾਂ ਦੀਆਂ ਸੇਵਾਵਾਂ ਨੂੰ ਲੋਕਾਂ ਵਿੱਚ ਲੈ ਕੇ ਜਾਣ ਲਈ ਅਤੇ ਅਜਿਹੇ ਅਧਿਆਪਕਾਂ ਨੂੰ ਹੋਰ ਉਤਸ਼ਾਹਿਤ ਕਰਨ ਲਈ ਪ੍ਰਸ਼ੰਸ਼ਾ ਪੱਤਰ ਦੇਣ ਦਾ ਕੰਮ ਵੀ ਜ਼ਰੂਰ ਕੀਤਾ ਜਾਵੇ।

7.0 ਪੰਜਾਬ ਦੇ ਸਰਕਾਰੀ ਸਕੂਲਾਂ ਵਿੱਚ ਪੜ੍ਹਦੇ ਬੱਚਿਆਂ ਦੀ ਬਿਹਤਰ ਪੜ੍ਹਾਈ ਲਈ ਕੀਤੇ ਜਾ ਰਹੇ ਯਤਨਾਂ ਬਾਰੇ ਮਾਪਿਆਂ/ ਸਕੂਲ ਮੈਨਜਮੈਂਟ ਕਮੇਟੀਆਂ/ ਆਮ ਪਬਲਿਕ ਨੂੰ ਜਾਣੂ ਕਰਵਾਉਣ/ਫੀਡਬੈਕ ਲੈਣ ਲਈ ਅਤੇ ਉਹਨਾਂ ਦਾ ਸਹਿਯੋਗ ਵਧਾਉਣ ਲਈ ਮਿਤੀ 14/09/2020 ਤੋਂ 19/09/2020 ਤੱਕ ਮਾਪੇ-ਅਧਿਆਪਕ ਮਿਲਣੀ ਹਫਤਾ ਮਨਾਇਆ ਜਾ ਰਿਹਾ ਹੈ। ਇਸ ਮਾਪੇ-ਅਧਿਆਪਕ ਮਿਲਣੀ ਰਾਹੀਂ ਜਿਥੇ ਵਿਦਿਆਰਥੀਆਂ ਦੇ ਮਾਪਿਆਂ ਨਾਲ ਬੱਚਿਆਂ ਦੀ ਪੜ੍ਹਾਈ ਵਿੱਚ ਹੋਰ ਸੁਧਾਰ ਕਰਨ ਲਈ ਚਰਚਾ ਕੀਤੀ ਜਾਵੇਗੀ, ਉਥੇ ਹੀ COVID-19 ਕਾਰਨ ਬਣੇ ਮਾੜੇ ਹਾਲਾਤਾਂ ਦੌਰਾਨ ਵੀ ਅਧਿਆਪਕਾਂ ਦੁਆਰਾ ਬੱਚਿਆਂ ਦੀ ਪੜ੍ਹਾਈ ਲਈ ਜੋ ਯਤਨ (ਆਨਲਾਇਨ ਪੜ੍ਹਾਈ, ਕਿਤਾਬਾਂ ਅਤੇ ਮਿਡ ਡੇ ਮੀਲ ਦੇ ਰਾਸ਼ਨ ਦੀ ਵੰਡ, ਅਸਾਇਨਮੈਂਟ ਵਗੈਰਾ ਨੂੰ ਘਰ ਤੱਕ ਪਹੁੰਚਦਾ ਕਰਨਾ ਆਦਿ) ਕੀਤੇ ਜਾ ਰਹੇ ਹਨ, ਉਹਨਾਂ ਸਬੰਧੀ ਵੀ ਮਾਪਿਆਂ ਨੂੰ ਜਾਣੂ ਵੀ ਕਰਵਾਇਆ ਜਾਵੇਗਾ।

8.0 ਇਸ ਤੋਂ ਇਲਾਵਾ ਸਕੂਲ ਸਿੱਖਿਆ ਵਿਭਾਗ, ਪੰਜਾਬ ਨਾਲ ਜੁੜੇ ਅਧਿਆਪਕਾਂ ਵੱਲੋਂ ਪਿਛਲੇ ਸਮੇਂ ਦੌਰਾਨ ਮਿਸ਼ਨ ਸਤ-ਪ੍ਰਤੀਸ਼ਤ ਤਹਿਤ ਬੱਚਿਆਂ ਦੀ ਚੰਗੀ ਤਿਆਰੀ ਲਈ ਸਵੈ-ਇੱਛਕ ਵਾਧੂ ਜਮਾਤਾਂ ਲਗਾਉਣ, ਨਕਲ ਰਹਿਤ ਬੋਰਡ ਪ੍ਰੀਖਿਆਵਾਂ, ਸਰਕਾਰੀ ਸਕੂਲਾਂ ਦੇ ਬੱਚਿਆਂ ਦੀ ਬੋਰਡ ਦੀਆਂ ਪ੍ਰੀਖਿਆਵਾਂ ਵਿੱਚ ਸ਼ਾਨਦਾਰੀ ਕਾਰਗੁਜ਼ਾਰੀ ਲਈ ਤਿਆਰੀ, ਲਾਇਬ੍ਰੇਰੀ ਲੰਗਰ, ਸਮਾਰਟ ਸਕੂਲ ਮੁਹਿੰਮ, ਦਾਖਲਾ ਮੁਹਿੰਮ ਅਤੇ ਇਹੋ ਜਿਹੀਆਂ ਹੋਰ ਅਨੇਕਾਂ ਪਹਿਲਕਦਮੀਆਂ ਤਹਿਤ ਜੋ ਯੋਗਦਾਨ ਦਿੱਤਾ ਗਿਆ ਹੈ, ਉਸ ਯੋਗਦਾਨ ਬਾਰੇ ਵਿੱਚ ਆਮ ਪਬਲਿਕ ਨੂੰ ਜਾਣੂ ਕਰਵਾਉਣ ਦਾ ਅਤੇ ਅਧਿਆਪਕਾਂ ਨੂੰ ਮਾਣ-ਸਨਮਾਣ ਦੇਣ ਦਾ ਇਹ ਸਹੀ ਮੌਕਾ ਹੈ।

9.0 ਪੰਜਾਬ ਵਿੱਚ ਬੱਚਿਆਂ ਦੀ ਸਿੱਖਿਆ ਵਿੱਚ ਹੋਰ ਸੁਧਾਰ ਕਰਨ ਲਈ ਪੰਜਾਬ ਪ੍ਰਾਪਤੀ ਸਰਵੇਖਣ (Punjab Achievement Survey) ਕਰਵਾਇਆ ਜਾ ਰਿਹਾ ਹੈ, ਇਸ ਸਬੰਧ ਵਿੱਚ ਮਿਤੀ 21/09/2020 ਤੋਂ ਜੋ ਸਤੰਬਰ ਵਿੱਚ ਮੁਲਾਂਕਣ ਕਰਵਾਇਆ ਜਾ ਰਿਹਾ ਹੈ, ਉਸ ਲਈ ਬੱਚਿਆਂ/ਮਾਪਿਆਂ/ ਕਮਿਊਨਿਟੀ ਮੈਂਬਰਾਂ ਨਾਲ ਤਾਲਮੇਲ ਕਰਦੇ ਹੋਏ ਬੱਚਿਆਂ ਦੀ ਪੂਰੀ ਤਿਆਰੀ ਅਤੇ ਭਾਗੀਦਾਰੀ ਨੂੰ ਯਕੀਨੀ ਬਣਾਇਆ ਜਾਵੇ।

ਡਾਇਰੈਕਟਰ

ਐਸ.ਸੀ.ਈ.ਆਰ.ਟੀ (ਪੰਜਾਬ)

ਪਿੱਠ ਅੰਕਣ ਨੰ:- -੯੨੨- ਮਿਤੀ: -

ਉਪਰੋਕਤ ਦਾ ਉਤਾਰਾ ਹੇਠ ਲਿਖਿਆਂ ਨੂੰ ਸੂਚਨਾ ਹਿਤ ਭੇਜਿਆ ਜਾਂਦਾ ਹੈ:

1. ਪੀ.ਏ ਟੂ ਸਕੱਤਰ ਸਕੂਲ ਸਿੱਖਿਆ, ਪੰਜਾਬ।
2. ਡਾਇਰੈਕਟਰ ਜਨਰਲ ਸਕੂਲ ਸਿੱਖਿਆ, ਪੰਜਾਬ ।
3. ਡੀ.ਪੀ.ਆਈ (ਸੈ.ਸਿੱ.), ਪੰਜਾਬ।
4. ਡੀ.ਪੀ.ਆਈ (ਐ.ਸਿੱ.), ਪੰਜਾਬ।

ਡਾਇਰੈਕਟਰ

ਐਸ.ਸੀ.ਈ.ਆਰ.ਟੀ (ਪੰਜਾਬ)